# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਤਰਨਤਾਰਨ 'ਚ ਪਲਾਸਟਿਕ ਡੋਰ ਨੂੰ ਵੇਚਣ, ਖਰੀਦਣ ਅਤੇ ਇਸ ਦੀ ਵਰਤੋਂ ਕਰਨ 'ਤੇ ਮੁਕੰਮਲ ਪਾਬੰਦੀ



ਮਨੁੱਖੀ ਜਾਨਾਂ ਤੇ ਪੰਛੀਆਂ ਲਈ ਘਾਤਕ ਸਿੱਧ ਹੁੰਦੀ ਹੈ ਪਲਾਸਟਿਕ ਦੀ ਬਣੀ ਡੋਰ

ਤਰਨਤਾਰਨ, 14 ਦਸੰਬਰ :

ਜ਼ਿਲ੍ਹਾ ਮੈਜਿਸਟ੍ਰੇਟ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਜਾਬਤਾ ਫੌਜ਼ਦਾਰੀ ਸੰਘਤਾ, 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਤਰਨਤਾਰਨ ਦੇ ਖੇਤਰ ਵਿੱਚ ਪਤੰਗ ਉਡਾਉਣ ਲਈ ਸਿੰਥੈਟਿਕ/ਪਲਾਸਟਿਕ ਦੀ ਬਣੀ ਡੋਰ ਨੂੰ ਵੇਚਣ, ਖਰੀਦ ਕਰਨ ਅਤੇ ਇਸ ਦੀ ਵਰਤੋਂ ਕਰਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਹੈ। ਇਹ ਪਾਬੰਦੀ ਧਾਗੇ ਵਾਲੀ ਡੋਰ 'ਤੇ ਲਾਗੂ ਨਹੀਂ ਹੋਵੇਗੀ। ਪਾਬੰਦੀ ਦੇ ਇਹ ਹੁਕਮ 6 ਫਰਵਰੀ 2018 ਤੱਕ ਲਾਗੂ ਰਹਿਣਗੇ।

ਉਨ੍ਹਾਂ ਕਿਹਾ ਕਿ ਮੇਰੇ ਧਿਆਨ ਵਿੱਚ ਆਇਆ ਹੈ ਅੱਜ ਕੱਲ੍ਹ ਪਤੰਗ ਉਡਾਉਣ ਲਈ ਜਿਹੜੀ ਡੋਰ ਦੀ ਵਰਤੋਂ ਕੀਤੀ ਜਾ ਰਹੀ ਹੈ, ਉਹ ਸੂਤੀ ਡੋਰ ਤੋਂ ਹਟ ਕੇ ਸਿੰਥੈਟਿਕ/ਪਲਾਸਟਿਕ ਦੀ ਬਣੀ ਹੋਈ ਹੈ ਅਤੇ ਉਹ ਬਹੁਤ ਮਜ਼ਬੂਤ, ਨਾ ਟੁੱਟਣ ਯੋਗ ਅਤੇ ਨਾ ਗਲਣ ਯੋਗ ਹੈ। ਇਹ ਡੋਰ ਪਤੰਗਬਾਜ਼ੀ ਸਮੇਂ ਪਤੰਗ ਉਡਾਉਣ ਵਾਲਿਆਂ ਦੇ ਹੱਥ ਅਤੇ ਉਂਗਲਾਂ ਕੱਟ ਦਿੰਦੀ ਹੈ।

ਉਨ੍ਹਾਂ ਕਿਹਾ ਕਿ ਇਸ ਡੋਰ ਦੇ ਫਿਰਨ ਨਾਲ ਸਾਈਕਲ/ਸਕੂਟਰ ਚਾਲਕਾਂ ਦੇ ਗਲ ਅਤੇ ਕੰਨ ਕੱਟੇ ਜਾਂਦੇ ਹਨ ਅਤੇ ਉਡਦੇ ਪੰਛੀਆਂ ਦੇ ਫਸ ਜਾਣ ਤੇ ਉਨ੍ਹਾਂ ਦੇ ਮਰਨ ਬਾਰੇ ਕਾਫੀ ਘਟਨਾਵਾਂ ਵਾਪਰਦੀਆਂ ਹਨ। ਇਸ ਤੋਂ ਇਲਾਵਾ ਡੋਰ ਵਿੱਚ ਫਸੇ ਪੰਛੀਆਂ ਦੀ ਮੌਤ ਹੋ ਜਾਣ ਤੇ ਉਨ੍ਹਾਂ ਦੇ ਰੁੱਖਾਂ ਤੇ ਟੰਗੇ ਰਹਿਣ ਕਾਰਨ ਬਦਬੂ ਨਾਲ ਵਾਤਾਵਰਣ ਵੀ ਦੂਸ਼ਿਤ ਹੁੰਦਾ ਹੈ। ਇਸ ਤਰ੍ਹਾਂ ਸਿੰਥੈਟਿਕ/ਪਲਾਸਟਿਕ ਦੀ ਬਣੀ ਇਹ ਡੋਰ ਜਦੋਂ ਪਤੰਗਾਂ ਉਡਾਉਣ ਲਈ ਵਰਤੀ ਜਾਂਦੀ ਹੈ ਤਾਂ ਇਹ ਮਨੁੱਖੀ ਜਾਨਾਂ ਤੇ ਪੰਛੀਆਂ ਲਈ ਘਾਤਕ ਸਿੱਧ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਤੱਥਾਂ ਨੂੰ ਮੁੱਖ ਰੱਖਦਿਆਂ ਸਿੰਥੈਟਿਕ/ਪਲਾਸਟਿਕ ਦੀ ਬਣੀ ਡੋਰ ਨੂੰ ਪਤੰਗਾਂ ਲਈ ਵਰਤਣ ਵਾਸਤੇ ਖਰੀਦਣ, ਖਰੀਦ ਕਰਨ, ਸਟੋਰ ਕਰਨ ਅਤੇ ਇਸ ਦੀ ਵਰਤੋਂ ਤੇ ਰੋਕ ਲਗਾਉਣ ਲਈ ਕਦਮ ਚੁੱਕਣ ਦੀ ਬਹੁਤ ਜ਼ਰੂਰਤ ਹੈ।

----------------------------